ਭੈਰਉ ਮਹਲਾ ੫ ਘਰੁ ੧ ੴ ਸਤਿਗੁਰ ਪ੍ਰਸਾਦਿ ॥ ਸਗਲੀ ਥੀਤਿ ਪਾਸਿ ਡਾਰਿ ਰਾਖੀ ॥ ਅਸਟਮ ਥੀਤਿ ਗੋਵਿੰਦ ਜਨਮਾ ਸੀ ॥ ੧॥ ਭਰਮਿ ਭੂਲੇ ਨਰ ਕਰਤ ਕਚਰਾਇਣ ॥ ਜਨਮ ਮਰਣ ਤੇ ਰਹਤ ਨਾਰਾਇਣ ॥੧॥ ਰਹਾਉ ॥ ਕਰਿ ਪੰਜੀਰੁ ਖਵਾਇਓ ਚੋਰ ॥ ਓਹੁ ਜਨਮਿ ਨ ਮਰੈ ਰੇ ਸਾਕਤ ਢੋਰ ॥੨॥ ਸਗਲ ਪਰਾਧ ਦੇਹਿ ਲੋਰੋਨੀ ॥ ਸੋ ਮੁਖੁ ਜਲਉ ਜਿਤੁ ਕਹਹਿ ਠਾਕੁਰੁ ਜੋਨੀ ॥ ੩॥ ਜਨਮਿ ਨ ਮਰੈ ਨ ਆਵੈ ਨ ਜਾਇ ॥ ਨਾਨਕ ਕਾ ਪ੍ਰਭੁ ਰਹਿਓ ਸਮਾਇ ॥੪॥੧॥ {ਪੰਨਾ 1136}

ਪਦਅਰਥ:- ਸਗਲੀ ਥੀਤਿ—ਸਾਰੀਆਂ ਥਿੱਤਾਂ। ਥੀਤਿ—{iqiQ} ਚੰਦ੍ਰਮਾ ਦੇ ਹਿਸਾਬ ਨਾਲ ਗਿਣੇ ਹੋਏ ਦਿਨ। ਮੱਸਿਆ ਤੋਂ ਪੂਰਨਮਾਸ਼ੀ ਤਕ ਸ਼ੁਕਲ ਪੱਖ (ਸੁਦੀ), ਪੂਰਨਮਾਸ਼ੀ ਤੋਂ ਮੱਸਿਆ ਤਕ ਕ੍ਰਿਸ਼ਨ ਪੱਖ (ਵਦੀ)। ਮਹਾ ਪੁਰਖਾਂ ਦੇ ਜਨਮ-ਦਿਨ ਆਮ ਤੌਰ ਤੇ ਇਹਨਾਂ ਥਿੱਤਾਂ ਅਨੁਸਾਰ ਗਿਣੀਦੇ ਆ ਰਹੇ ਹਨ। ਕ੍ਰਿਸ਼ਨ ਜੀ ਦਾ ਜਨਮ ਭਾਦਰੋਂ ਦੀ ਅਸ਼ਟਮੀ ਹੈ {ਭਾਦਰੋਂ ਦੀ ਪੂਰਨਮਾਸ਼ੀ ਤੋਂ ਪਿੱਛੋਂ ਅਠਵਾਂ ਦਿਨ}। ਅਸਟਮ—ਅਠਵੀਂ। ਗੋਵਿੰਦ ਜਨਮਾਸੀ—(ਕ੍ਰਿਸ਼ਨ-ਰੂਪ ਵਿਚ) ਪਰਮਾਤਮਾ ਦਾ ਜਨਮ।1।

ਭਰਮਿ—ਭੁਲੇਖੇ ਵਿਚ। ਭੂਲੇ ਨਰ—ਹੇ ਕੁਰਾਹੇ ਪਏ ਹੋਏ ਮਨੁੱਖ। ਕਚਰਾਇਣ—ਕੱਚੀਆਂ ਗੱਲਾਂ। ਤੇ—ਤੋਂ। ਨਾਰਾਇਣ—ਪਰਮਾਤਮਾ।1। ਰਹਾਉ।

ਕਰਿ—ਬਣਾ ਕੇ। ਚੋਰ—ਚੋਰੀ ਚੋਰੀ, ਲੁਕਾ ਕੇ। ਜਨਮਿ ਨ ਮਰੈ—ਜੰਮ ਕੇ ਨਹੀਂ ਮਰਦਾ, ਨਾਹ ਜੰਮਦਾ ਹੈ ਨਾਹ ਮਰਦਾ ਹੈ। ਰੇ ਸਾਕਤ—ਹੇ ਰੱਬ ਤੋਂ ਟੁੱਟੇ ਹੋਏ! ਰੇ ਢੋਰ—ਹੇ ਮਹਾ ਮੂਰਖ!।2।

ਸਗਲ ਪਰਾਧ—ਸਾਰੇ ਅਪਰਾਧਾਂ (ਦਾ ਮੂਲ)। ਦੇਹਿ—ਦੇਹਿਂ, ਤੂੰ ਦੇਂਦਾ ਹੈਂ। ਲੋਰੋਨੀ—ਲੋਰੀ। ਸੋ—ਉਹ। ਜਲਉ—{ਹੁਕਮੀ ਭਵਿੱਖਤ, ਅੱਨ ਪੁਰਖ, ਇਕ-ਵਚਨ} ਸੜ ਜਾਏ। ਜਿਤੁ—ਜਿਸ (ਮੂੰਹ) ਨਾਲ। ਕਹਹਿ—ਤੂੰ ਆਖਦਾ ਹੈਂ, ਕਹਹਿਂ।3।

ਨ ਆਵੈ ਨ ਜਾਇ—ਨਾਹ ਆਉਂਦਾ ਹੈ ਨਾਹ ਜਾਂਦਾ ਹੈ। ਸਮਾਇ ਰਹਿਓ—ਸਭ ਥਾਂ ਵਿਆਪਕ ਹੈ।4।

ਅਰਥ:- ਭਟਕਣਾ ਦੇ ਕਾਰਨ ਕੁਰਾਹੇ ਪਏ ਹੋਏ ਹੇ ਮਨੁੱਖ! ਤੂੰ ਇਹ ਕੱਚੀਆਂ ਗੱਲਾਂ ਕਰ ਰਿਹਾ ਹੈਂ (ਕਿ ਪਰਮਾਤਮਾ ਨੇ ਭਾਦਰੋਂ ਵਦੀ ਅਸ਼ਟਮੀ ਨੂੰ ਕ੍ਰਿਸ਼ਨ-ਰੂਪ ਵਿਚ ਜਨਮ ਲਿਆ)। ਪਰਮਾਤਮਾ ਜੰਮਣ ਮਰਨ ਤੋਂ ਪਰੇ ਹੈ।1। ਰਹਾਉ।

ਹੇ ਭਾਈ! (ਤੇਰੀ ਇਹ ਕੱਚੀ ਗੱਲ ਹੈ ਕਿ) ਪਰਮਾਤਮਾ ਨੇ ਹੋਰ ਸਾਰੀਆਂ ਥਿੱਤਾਂ ਲਾਂਭੇ ਰਹਿਣ ਦਿੱਤੀਆਂ, ਅਤੇ (ਭਾਦਰੋਂ ਵਦੀ) ਅਸ਼ਟਮੀ ਥਿੱਤ ਨੂੰ ਉਸ ਨੇ ਜਨਮ ਲਿਆ।1।

ਹੇ ਭਾਈ! ਪੰਜੀਰ ਬਣਾ ਕੇ ਤੂੰ ਲੁਕਾ ਕੇ (ਆਪਣੇ ਵੱਲੋਂ ਪਰਮਾਤਮਾ ਨੂੰ ਕ੍ਰਿਸ਼ਨ-ਮੂਰਤੀ ਦੇ ਰੂਪ ਵਿਚ) ਖਵਾਂਦਾ ਹੈਂ। ਹੇ ਰੱਬ ਤੋਂ ਟੁੱਟੇ ਹੋਏ ਮੂਰਖ! ਪਰਮਾਤਮਾ ਨਾਹ ਜੰਮਦਾ ਹੈ ਨਾਹ ਮਰਦਾ ਹੈ।2।

ਹੇ ਭਾਈ! ਤੂੰ (ਕ੍ਰਿਸ਼ਨ-ਮੂਰਤੀ ਨੂੰ) ਲੋਰੀ ਦੇਂਦਾ ਹੈਂ (ਆਪਣੇ ਵਲੋਂ ਤੂੰ ਪਰਮਾਤਮਾ ਨੂੰ ਲੋਰੀ ਦੇਂਦਾ ਹੈਂ, ਤੇਰਾ ਇਹ ਕੰਮ) ਸਾਰੇ ਅਪਰਾਧਾਂ (ਦਾ ਮੂਲ ਹੈ)। ਸੜ ਜਾਏ (ਤੇਰਾ) ਉਹ ਮੂੰਹ ਜਿਸ ਦੀ ਰਾਹੀਂ ਤੂੰ ਆਖਦਾ ਹੈਂ ਕਿ ਮਾਲਕ-ਪ੍ਰਭੂ ਜੂਨਾਂ ਵਿਚ ਆਉਂਦਾ ਹੈ।3।

ਹੇ ਭਾਈ! ਨਾਨਕ ਦਾ ਪਰਮਾਤਮਾ ਸਭ ਥਾਈਂ ਵਿਆਪਕ ਹੈ, ਉਹ ਨਾਹ ਜੰਮਦਾ ਹੈ ਨਾਹ ਮਰਦਾ ਹੈ, ਨਾਹ ਆਉਂਦਾ ਹੈ ਨਾਹ ਜਾਂਦਾ ਹੈ।4।1।